ਮਾਤਾ ਸੁਲੱਖਣੀ ਜੀ ਸੇਵਾ ਸੁਸਾਇਟੀ ਦੇ ਆਗੂ ਮੀਟਿੰਗ ਕਰਨ ਸਮੇਂ। ਤਸਵੀਰ. ਲਾਡੀ ਸਟੂਡੀਓ

ਬਾਬਾ ਬੰਦਾ ਸਿੰਘ ਬਹਾਦਰ ਜੀ ਦਾ ਜਨਮ ਦਿਹਾੜਾ 23 ਅਕਤੂਬਰ ਨੂੰ ਗੁਰਦੁਆਰਾ ਗੁਰੂ ਕਾ ਬਾਗ ਵਿਖੇ ਮਨਾਇਆ ਜਾਵੇਗਾ

ਸੁਲਤਾਨਪੁਰ ਲੋਧੀ, 19 ਅਕਤੂਬਰ (ਥਿੰਦ, ਹੈਪੀ)-ਮਾਤਾ ਸੁਲੱਖਣੀ ਜੀ ਸੇਵਾ ਸੁਸਾਇਟੀ ਗੁਰਦੁਆਰਾ ਗੁਰੂ ਕਾ ਬਾਗ ਦੀ ਜ਼ਰੂਰੀ ਮੀਟਿੰਗ ਰਘਬੀਰ ਸਿੰਘ ਪ੍ਰਧਾਨ ਦੀ ਅਗਵਾਈ ਵਿਚ ਹੋਈ, ਜਿਸ ਵਿਚ ਮਹਾਨ ਵਿਦਵਾਨ ਬਾਬਾ ਬੁੱਢਾ ਜੀ ਦਾ ਜਨਮ ਦਿਹਾੜਾ ਮਨਾਉਣ ਬਾਰੇ ਪ੍ਰੋਗਰਾਮ ਉਲੀਕਿਆ ਗਿਆ। ਇਸ ਬਾਰੇ ਜਾਣਕਾਰੀ ਦਿੰਦਿਆਂ ਰਘਬੀਰ ਸਿੰਘ ਪ੍ਰਧਾਨ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਕੌਮ ਦੇ ਮਹਾਨ ਵਿਦਵਾਨ ਸ੍ਰੀ ਮਾਨ ਸੰਤ ਬਾਬਾ ਜਗਜੀਤ ਸਿੰਘ ਜੀ ਹਰਖੋਵਾਲ ਵਾਲਿਆਂ ਦੀ ਸਰਪ੍ਰਸਤੀ ਹੇਠ ਬਾਬਾ ਬੁੱਢਾ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਪ੍ਰੋਗਰਾਮ 23 ਅਕਤੂਬਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ। ਇਸ ਸਮੇਂ 21 ਤਰੀਕ ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਜਾਣਗੇ ਤੇ 23 ਤਰੀਕ ਨੂੰ ਸਵੇਰੇ 9.30 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਭੋਗ ਪਾਏ ਜਾਣਗੇ। ਉਪਰੰਤ ਹਜ਼ੂਰੀ ਰਾਗੀ ਜਥੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਉਪਰੰਤ ਕੌਮ ਦੇ ਮਹਾਨ ਵਿਦਵਾਨ ਸ੍ਰੀ ਮਾਨ ਸੰਤ ਬਾਬਾ ਜਗਜੀਤ ਸਿੰਘ ਜੀ ਹਰਖੋਵਾਲ ਵਾਲੇ ਕਥਾ ਦੁਆਰਾ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ। ਉਪਰੰਤ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀਆਂ ਬੀਬੀਆਂ ਕੀਰਤਨ ਦਾ ਪ੍ਰਵਾਹ ਚਲਾਉਣਗੀਆਂ। ਇਸ ਮੌਕੇ ਚਾਹ, ਪਕੌੜੇ, ਮਠਿਆਈਆਂ ਤੇ ਗੁਰੂ ਕਾ ਲੰਗਰ ਸਾਰਾ ਦਿਨ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਪ੍ਰਧਾਨ ਰਘਬੀਰ ਸਿੰਘ, ਖ਼ਜ਼ਾਨਚੀ ਡਾ. ਗੁਰਦੇਵ ਸਿੰਘ,ਦਇਆ ਸਿੰਘ, ਮਨਜੀਤ ਸਿੰਘ, ਸਰਗੁਣ ਸਿੰਘ, ਸਾਹਿਲਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਹਰਕੀਰਤ ਸਿੰਘ, ਹਰਪਾਲ ਸਿੰਘ, ਜਰਨੈਲ ਸਿੰਘ, ਗੁਰਮਿੰਦਰ ਸਿੰਘ, ਸਰਵਣ ਸਿੰਘ ਹਲਵਾਈ, ਹਰਭਜਨ ਸਿੰਘ, ਗੁਰਦਿਆਲ ਸਿੰਘ, ਗਿਆਨੀ ਅਵਤਾਰ ਸਿੰਘ, ਗਿਆਨੀ ਦੀਪਕ ਸਿੰਘ ਆਦਿ ਹਾਜ਼ਰ ਸਨ।

ਗੁਰੂ ਨਾਨਕ ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਵਲੋਂ ਕਲੀਨ ਤੇ ਗਰੀਨ ਦੀਵਾਲੀ ਮਨਾਉਣ ਮੌਕੇ ਸੰਕਲਪ ਲੈਂਦੇ ਹੋਏ, ਨਾਲ ਪ੍ਰਿੰਸੀਪਲ ਜਸਬੀਰ ਕੌਰ ਤੇ ਸਟਾਫ਼। ਤਸਵੀਰ. ਲਾਡੀ ਸਟੂਡੀਓ

ਗੁਰੂ ਨਾਨਕ ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਨੇ ਕਲੀਨ ਤੇ ਗਰੀਨ ਦੀਵਾਲੀ ਮਨਾਉਣ ਦਾ ਲਿਆ ਸੰਕਲਪ

ਸੁਲਤਾਨਪੁਰ ਲੋਧੀ, 19 ਅਕਤੂਬਰ (ਨਰੇਸ਼ ਹੈਪੀ)-ਗੁਰੂ ਨਾਨਕ ਖ਼ਾਲਸਾ ਕਾਲਜ ਸੁਲਤਾਨਪੁਰ ਲੋਧੀ ਵਿਖੇ ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਜਸਬੀਰ ਕੌਰ ਦੀ ਅਗਵਾਈ ਹੇਠ ਕਾਲਜ ਵਿਖੇ ਬੰਦੀ ਛੋੜ ਦਿਵਸ ਤੇ ਦੀਵਾਲੀ ਦਾ ਤਿਉਹਾਰ ਕਾਲਜ ਦੇ ਵਿਦਿਆਰਥੀਆਂ ਵਲੋਂ ਸਟਾਫ਼ ਨਾਲ ਮਿਲ ਕੇ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਗਰੀਨ ਦੀਵਾਲੀ ਮਨਾਉਣ ਦਾ ਸੰਕਲਪ ਲਿਆ ਗਿਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਜਸਬੀਰ ਕੌਰ ਨੇ ਵਿਦਿਆਰਥੀਆਂ ਨੂੰ ਗਰੀਨ ਦੀਵਾਲੀ ਮਨਾਉਣ ਸਬੰਧੀ ਵਿਸ਼ੇਸ਼ ਲੈਕਚਰ ਦਿੱਤਾ। ਦੀਵਾਲੀ ਦੇ ਸਬੰਧ ਵਿਚ ਦੀਵੇ ਡੈਕੋਰੇਸ਼ਨ ਤੇ ਰੰਗੋਲੀ ਮੁਕਾਬਲੇ ਕਰਵਾਏ ਗਏ ਜਿਸ ਵਿਚ ਵਿਦਿਆਰਥੀਆਂ ਨੇ ਵੱਧ ਚੜ ਕੇ ਹਿੱਸਾ ਲਿਆ ਤੇ ਸੁੰਦਰ ਰੰਗੋਲੀ ਬਣਾ ਕੇ ਦੀਵਾਲੀ ਨੂੰ ਹਰਿਆ ਭਰਿਆ ਮਨਾਉਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਕਾਲਜ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜ. ਸਵਰਨ ਸਿੰਘ, ਮੈਂਬਰ ਐੱਸ.ਜੀ.ਪੀ.ਸੀ ਗੁਰਪ੍ਰੀਤ ਕੌਰ, ਹਰਨਿਆਮਤ ਕੌਰ, ਨਿਮਰਤਾ ਕੌਰ ਵੱਲੋਂ ਵਿਦਿਆਰਥੀਆਂ ਤੇ ਸਮੂਹ ਸਟਾਫ਼ ਮੈਂਬਰਾਂ ਨੂੰ ਦੀਵਾਲੀ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ ਗਈਆਂ। ਇਸ ਮੌਕੇ ਪ੍ਰੋਫ਼ੈਸਰ ਸੁਖਪਾਲ ਸਿੰਘ, ਡਾ. ਮਨੀ ਛਾਬੜਾ, ਪ੍ਰੋਫ਼ੈਸਰ ਰਿਸ਼ੂ ਬਾਲਾ, ਪ੍ਰੋਫ਼ੈਸਰ ਜਸਵੀਰ ਕੌਰ, ਪ੍ਰੋਫ਼ੈਸਰ ਅਰਸ਼ਪ੍ਰੀਤ ਕੌਰ, ਪ੍ਰੋਫ਼ੈਸਰ ਜੁਗਰਾਜ ਸਿੰਘ, ਪ੍ਰੋਫ਼ੈਸਰ ਰਮਨ, ਪ੍ਰੋਫ਼ੈਸਰ ਸੰਦੀਪ ਕੌਰ ਵੀ ਹਾਜ਼ਰ ਸਨ।

ਵਾਤਾਵਰਨ ਨੂੰ ਬਚਾਉਣ ਲਈ ਗਰੀਨ ਦੀਵਾਲੀ ਮਨਾਉਣਾ ਹਰ ਨਾਗਰਿਕ ਦਾ ਫਰਜ਼-ਐਡਵੋਕੇਟ ਧੰਜੂ

ਸੁਲਤਾਨਪੁਰ ਲੋਧੀ, 19 ਅਕਤੂਬਰ (ਥਿੰਦ)-ਜੇ ਅਸੀਂ ਆਪਣੇ ਵਾਤਾਵਰਨ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਸੁਰੱਖਿਅਤ ਰੱਖਣਾ ਚਾਹੁੰਦੇ ਹਾਂ ਤਾਂ ਸਾਨੂੰ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣੀ ਚਾਹੀਦੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਹਲਕਾ ਸੁਲਤਾਨਪੁਰ ਲੋਧੀ ਦੇ ਸੀਨੀਅਰ ਆਗੂ ਤੇ ਕੰਬੋਜ ਵੈੱਲਫੇਅਰ ਬੋਰਡ ਪੰਜਾਬ ਦੇ ਸਾਬਕਾ ਚੇਅਰਮੈਨ ਐਡਵੋਕੇਟ ਜਸਪਾਲ ਸਿੰਘ ਧੰਜੂ, ਸ਼ਹੀਦ ਊਧਮ ਸਿੰਘ ਟਰੱਸਟ ਦੇ ਮੀਤ ਪ੍ਰਧਾਨ ਤੇਜਿੰਦਰ ਸਿੰਘ ਧੰਜੂ ਨੇ ਸਮੂਹ ਪੰਜਾਬੀਆਂ ਨੂੰ ਦੀਵਾਲੀ ਦੀਆਂ ਵਧਾਈਆਂ ਦਿੰਦੇ ਹੋਏ ਸਮੂਹ ਪੰਜਾਬੀਆਂ ਨੂੰ ਗਰੀਨ ਦੀਵਾਲੀ ਮਨਾਉਣ ਦਾ ਸੱਦਾ ਦਿੱਤਾ ਹੈ। ਇਸ ਮੌਕੇ ਉਨ੍ਹਾਂ ਨੇ ਲੋਕਾਂ ਨੂੰ ਸਿਹਤਯਾਬੀ ਲਈ ਨੁਕਤੇ ਦੱਸਦੇ ਹੋਏ ਦੀਵਾਲੀ ਦੇ ਤਿਉਹਾਰ ਦੇ ਮੱਦੇਨਜ਼ਰ ਲੋਕਾਂ ਨੂੰ ਮਿਠਾਈਆਂ ਆਦਿ ਦੀ ਜਗ੍ਹਾ 'ਤੇ ਫਲਾਹਾਰੀ ਰਹਿਣ ਦਾ ਹੋਕਾ ਦਿੱਤਾ ਤੇ ਨਾਲ ਹੀ ਵੱਧ ਤੋਂ ਵੱਧ ਬੂਟੇ ਲਗਾ ਕੇ ਵਾਤਾਵਰਨ ਨੂੰ ਪ੍ਰਦੂਸ਼ਣ ਰਹਿਤ ਕਰਨ 'ਤੇ ਜ਼ੋਰ ਦਿੱਤਾ ਗਿਆ। ਉਨ੍ਹਾਂ ਨੇ ਕਿਹਾ ਕਿ ਵਾਤਾਵਰਨ ਦੇ ਪ੍ਰਦੂਸ਼ਿਤ ਹੋਣ ਨਾਲ ਅਸੀਂ ਕਈ ਤਰ੍ਹਾਂ ਦੀਆਂ ਬਿਮਾਰੀਆਂ ਦੀ ਪਕੜ ਵਿਚ ਆ ਚੁੱਕੇ ਹਾਂ।

ਐਡਵੋਕੇਟ ਜਸਪਾਲ ਸਿੰਘ ਧੰਜੂ, ਤੇਜਿੰਦਰ ਸਿੰਘ ਧੰਜੂ ਦੀਆਂ ਤਸਵੀਰਾਂ।

ਸ਼ਹਿਰ 'ਚ ਫਲੈਗ ਮਾਰਚ ਕੱਢਣ ਮੌਕੇ ਡੀ.ਐੱਸ.ਪੀ. ਭਾਰਤ ਭੂਸ਼ਨ, ਐੱਸ.ਐੱਚ.ਓ ਟਰੈਫ਼ਿਕ ਅਮਨ ਕੁਮਾਰ। ਤਸਵੀਰ: ਚਾਨਾ

ਪੁਲਿਸ ਨੇ ਫਲੈਗ ਮਾਰਚ ਕੱਢਿਆ

ਫਗਵਾੜਾ, 19 ਅਕਤੂਬਰ (ਹਰਜੋਤ ਸਿੰਘ ਚਾਨਾ)-ਤਿਉਹਾਰਾਂ ਦੇ ਮੱਦੇਨਜ਼ਰ ਅੱਜ ਫਗਵਾੜਾ ਪੁਲਿਸ ਵਲੋਂ ਸ਼ਹਿਰ 'ਚ ਫਲੈਗ ਮਾਰਚ ਕੱਢਿਆ ਗਿਆ। ਡੀ.ਐੱਸ.ਪੀ. ਭਾਰਤ ਭੂਸ਼ਨ ਦੀ ਅਗਵਾਈ 'ਚ ਪੁਲਿਸ ਨੇ ਬੰਗਾ ਰੋਡ, ਰੇਲਵੇ ਰੋਡ, ਹਰਿਗੋਬਿੰਦ ਨਗਰ, ਹਦੀਆਬਾਦ ਦਾ ਦੌਰਾ ਕੀਤਾ ਤੇ ਬਾਜ਼ਾਰਾਂ 'ਚ ਸੜਕ ਕੱਢੇ ਲੱਗੇ ਦੁਕਾਨਦਾਰਾ ਨੂੰ ਆਪਣੇ ਦਾਇਰੇ 'ਚ ਸਾਮਾਨ ਰੱਖਣ ਲਈ ਕਿਹਾ ਤਾਂ ਜੋ ਲੋਕਾਂ ਨੂੰ ਕਿਸੇ ਕਿਸਮ ਦੀ ਸਮੱਸਿਆ ਨਾ ਆਵੇ। ਡੀ.ਐਸ.ਪੀ ਨੇ ਗੱਲਬਾਤ ਦੌਰਾਨ ਕਿਹਾ ਕਿ ਤਿਉਹਾਰਾਂ ਦੇ ਮੱਦੇਨਜ਼ਰ ਇਹ ਮਾਰਚ ਕੱਢਿਆ ਗਿਆ। ਉਨ੍ਹਾਂ ਲੋਕਾਂ ਨੂੰ ਅਮਨ ਸ਼ਾਂਤੀ ਕਾਇਮ ਰੱਖਣ ਤੇ ਤਿਉਹਾਰ ਨੂੰ ਸੁਰੱਖਿਅਤ ਮਨਾਉਣ ਦੀ ਅਪੀਲ ਕੀਤੀ। ਇਸ ਮੌਕੇ ਐੱਸ.ਐੱਚ.ਓ ਸਿਟੀ ਊਸ਼ਾ, ਐੱਸ.ਐੱਚ.ਓ ਟਰੈਫ਼ਿਕ ਅਮਨ ਕੁਮਾਰ ਰਾਣੀ ਵੀ ਸ਼ਾਮਿਲ ਸਨ।

ਨਿਰਮਲ ਭੇਖ ਵਲੋਂ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮਾਂ ਨੂੰ ਸਮਰਪਿਤ ਨਗਰ ਕੀਰਤਨ 10 ਨਵੰਬਰ ਨੂੰ

ਫਗਵਾੜਾ, 19 ਅਕਤੂਬਰ (ਅਸ਼ੋਕ ਕੁਮਾਰ ਵਾਲੀਆ)-ਧੰਨ-ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਅਲੌਕਿਕ ਨਗਰ ਕੀਰਤਨ ਸਮੂਹ ਨਿਰਮਲ ਭੇਖ ਵੱਲੋਂ ਬੜੀ ਹੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਏ ਜਾ ਰਹੇ ਹਨ। ਜਿਸ ਸਬੰਧੀ ਨਿਰਮਲ ਭੇਖ ਦੀ ਇੱਕ ਜ਼ਰੂਰੀ ਮੀਟਿੰਗ ਨਿਰਮਲ ਕੁਟੀਆ ਕਿਲ੍ਹਾ ਬਰੂਨ ਛੋਟਾ ਬਜਵਾੜਾ ਸੰਤ ਮਹਾਂਵੀਰ ਸਿੰਘ ਵਿਖੇ ਸੰਤ ਕਰਮਜੀਤ ਸਿੰਘ ਟਿੱਬਾ ਸਾਹਿਬ ਵਾਲਿਆਂ ਦੀ ਪ੍ਰਧਾਨਗੀ ਅਤੇ ਸੰਤ ਬਾਬਾ ਅਮਰਜੀਤ ਸਿੰਘ ਜੀ ਹਰਖੋਵਾਲ ਵਾਲਿਆਂ ਦੀ ਸਰਪ੍ਰਸਤੀ ਹੇਠ ਹੋਈ। ਜਿਸ ਵਿਚ ਅਲੌਕਿਕ ਨਗਰ ਕੀਰਤਨ ਸਬੰਧੀ ਵਿਚਾਰਾਂ ਕੀਤੀਆਂ ਗਈਆਂ। ਜਾਣਕਾਰੀ ਦਿੰਦਿਆਂ ਤਪ ਅਸਥਾਨ ਨਿਰਮਲ ਕੁਟੀਆ ਛੰਭਵਾਲੀ ਪਿੰਡ ਪੰਡਵਾ ਦੇ ਮੁੱਖ ਸੰਚਾਲਕ ਸੰਤ ਗੁਰਚਰਨ ਸਿੰਘ ਪੰਡਵਾ ਅਤੇ ਸੰਤ ਪ੍ਰੀਤਮ ਸਿੰਘ ਡੁਮੇਲੀ ਵਾਲਿਆਂ ਨੇ ਦੱਸਿਆ ਕਿ ਤਪ ਅਸਥਾਨ ਬ੍ਰਹਮ ਗਿਆਨੀ 108 ਸੰਤ ਬਾਬਾ ਜਵਾਲਾ ਸਿੰਘ ਜੀ ਡੇਰਾ ਸੰਤਗੜ੍ਹ ਹਰਖੋਵਾਲ ਤੋਂ ਗੁਰਦੁਆਰਾ ਸੀਸਗੰਜ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਨਗਰ ਕੀਰਤਨ ਸਜਾਉਣ ਸਬੰਧੀ ਮੀਟਿੰਗ ਦਾ ਆਯੋਜਨ ਕੀਤਾ ਗਿਆ। ਜਿਸ ਸਬੰਧੀ ਉਨ੍ਹਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਨਗਰ ਕੀਰਤਨ 10 ਨਵੰਬਰ ਦਿਨ ਸੋਮਵਾਰ ਨੂੰ ਸਵੇਰੇ 8 ਵਜੇ ਆਰੰਭ ਹੋਵੇਗਾ। ਨਗਰ ਕੀਰਤਨ ਵਿਚ ਸੰਤ ਮਹਾਂਪੁਰਸ਼ ਆਪੋ ਆਪਣੇ ਵਾਹਨਾਂ ਤੇ ਵੱਧ ਤੋਂ ਵੱਧ ਸੰਗਤਾਂ ਨਾਲ ਹਾਜ਼ਰੀ ਭਰਨਗੇ। ਨਗਰ ਕੀਰਤਨ ਦੇ ਰੂਟ ਵਿਚ ਆਉਣ ਵਾਲੇ ਸੰਬੰਧਿਤ ਨਿਰਮਲ ਡੇਰੇ ਨਗਰ ਕੀਰਤਨ ਦਾ ਸਵਾਗਤ ਕਰਨਗੇ। ਇਹ ਨਗਰ ਕੀਰਤਨ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿਚ ਸਮੂਹ ਨਿਰਮਲ ਭੇਖ ਵੱਲੋਂ ਸਜਾਇਆ ਜਾਵੇਗਾ। ਇਸ ਮੌਕੇ ਸਮੂਹ ਸੰਤਾਂ ਮਹਾਂਪੁਰਸ਼ਾਂ ਨੇ ਗੱਲ ਤੇ ਜ਼ੋਰ ਦਿੱਤਾ ਕਿ ਗੁਰਬਾਣੀ ਦੇ ਸ਼ੁੱਧ ਉਚਾਰਨ ਅਤੇ ਪ੍ਰਚਾਰ ਪ੍ਰਸਾਰ ਸਬੰਧੀ ਵੱਧ ਤੋਂ ਵੱਧ ਯਤਨ ਕੀਤੇ ਜਾਣ ਤੇ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਗਈ ਕਿ ਸ਼ਤਾਬਦੀ ਸਮਾਗਮਾਂ ਵਿਚ ਅਤੇ ਨਗਰ ਕੀਰਤਨਾਂ ਵਿਚ ਸ਼ਾਮਿਲ ਹੋਣ ਤੇ ਆਪਣੇ ਬੱਚਿਆਂ ਨੂੰ ਗੁਰਮਤਿ ਦੇ ਧਾਰਨੀ ਬਣਾਉਣ। ਇਸ ਮੌਕੇ ਸੰਤ ਪ੍ਰੀਤਮ ਸਿੰਘ ਡੁਮੇਲੀ, ਮਹੰਤ ਤਰਲੋਚਨ ਸਿੰਘ, ਡੇਰਾ ਵਿਰਕਤ ਬਾਬਾ ਬਲਵੀਰ ਸਿੰਘ, ਸੰਤ ਸੁਰਜੀਤ ਸਿੰਘ, ਸੰਤ ਤਰਸੇਮ ਸਿੰਘ ਨਿਰਮਲ ਕੁਟੀਆ ਜੌਹਲਾ, ਸੰਤ ਬਲਵੀਰ ਸਿੰਘ ਟਿੱਬਾ ਸਾਹਿਬ, ਸੰਤ ਇੰਦਰਜੀਤ ਸਿੰਘ, ਸੰਤ ਹਰਜਿੰਦਰ ਸਿੰਘ ਅਟਾਰੀ, ਸੰਤ ਅਜੀਤ ਸਿੰਘ, ਸੰਤ ਅਸ਼ੋਕ ਸਿੰਘ ਸਮੇਤ ਵੱਡੀ ਗਿਣਤੀ ਵਿਚ ਨਿਰਮਲ ਭੇਖ ਦੇ ਸਮੂਹ ਸੰਤ ਮਹਾਂਪੁਰਸ਼ ਹਾਜ਼ਰ ਸਨ।

ਮੀਟਿੰਗ ਦੌਰਾਨ ਨਿਰਮਲ ਭੇਖ ਦੇ ਸਮੂਹ ਸੰਤ ਮਹਾਂਪੁਰਸ਼ ਖੜ੍ਹੇ ਦਿਖਾਈ ਦੇ ਰਹੇ ਹਨ। ਤਸਵੀਰ. ਵਾਲੀਆ

ਸਾਬਕਾ ਮੰਤਰੀ ਜਗਤਾਰ ਸਿੰਘ ਮੁਲਤਾਨੀ ਦਾ ਦਿਹਾਂਤ, ਅੰਤਿਮ ਸੰਸਕਾਰ ਭਲਕੇ

ਕਪੂਰਥਲਾ, 19 ਅਕਤੂਬਰ (ਸਡਾਨਾ)-ਡਾ. ਅਮਿਤੋਜ ਸਿੰਘ ਮੁਲਤਾਨੀ ਦੇ ਪਿਤਾ ਸਾਬਕਾ ਮੰਤਰੀ ਜਗਤਾਰ ਸਿੰਘ ਮੁਲਤਾਨੀ ਐਡਵੋਕੇਟ (82) ਤੇ ਸਾਬਕਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੱਜ ਸਵੇਰੇ ਸੰਖੇਪ ਬਿਮਾਰੀ ਉਪਰੰਤ ਅਕਾਲ ਚਲਾਣਾ ਕਰ ਗਏ। ਆਪਣੇ ਰਾਜਨੀਤਿਕ ਸਫ਼ਰ ਦੌਰਾਨ ਉਹ ਹਲਕੇ ਦੇ ਲੋਕਾਂ ਨਾਲ ਬਹੁਤ ਮਿਲਵਰਤਨ ਵਾਲੇ ਸੁਭਾਅ ਵਿਚ ਵਿਚਰਦੇ ਰਹੇ ਤੇ ਹਰ ਦੁੱਖ ਸੁੱਖ ਵਿਚ ਲੋਕਾਂ ਦੇ ਨਾਲ ਖੜ੍ਹਦੇ ਸਨ। ਅੱਜ ਇਸ ਦੁੱਖ ਦੀ ਘੜੀ ਵਿਚ ਵੱਖ-ਵੱਖ ਰਾਜਸੀ, ਸਮਾਜਿਕ ਤੇ ਧਾਰਮਿਕ ਆਗੂਆਂ ਵਲੋਂ ਮੁਲਤਾਨੀ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਸਾਬਕਾ ਮੰਤਰੀ ਜਗਤਾਰ ਸਿੰਘ ਮੁਲਤਾਨੀ ਦਾ ਅੰਤਿਮ ਸਸਕਾਰ 21 ਅਕਤੂਬਰ ਦਿਨ ਮੰਗਲਵਾਰ ਨੂੰ ਦੁਪਹਿਰ 1 ਵਜੇ ਲਕਸ਼ਮੀ ਨਗਰ ਸ਼ਮਸ਼ਾਨਘਾਟ ਨੇੜੇ ਸ਼ਾਲੀਮਾਰ ਬਾਗ ਕਪੂਰਥਲਾ ਵਿਖੇ ਹੋਵੇਗਾ।

ਸਾਬਕਾ ਮੰਤਰੀ ਜਗਤਾਰ ਸਿੰਘ ਮੁਲਤਾਨੀ ਦੀ ਫਾਈਲ ਫ਼ੋਟੋ।

ਮੀਟਿੰਗ ਦੌਰਾਨ ਗੱਲਬਾਤ ਕਰਦੇ ਹੋਏ ਐੱਸ.ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਵਿਜੇ ਪੰਡੋਰੀ ਸਰਪੰਚ ਢੱਕ ਪੰਡੋਰੀ ਤੇ ਹੋਰ। ਤਸਵੀਰ. ਮਨਦੀਪ ਸਿੰਘ ਸੰਧੂ

ਆਮ ਆਦਮੀ ਪਾਰਟੀ ਜ਼ਿਲ੍ਹਾ ਕਪੂਰਥਲਾ ਦੇ ਐੱਸ.ਸੀ. ਵਿੰਗ ਦੀ ਹੋਈ ਮੀਟਿੰਗ

ਖਲਵਾੜਾ, 19 ਅਕਤੂਬਰ (ਮਨਦੀਪ ਸਿੰਘ ਸੰਧੂ)-ਅੱਜ ਜ਼ਿਲ੍ਹਾ ਕਪੂਰਥਲਾ ਦੇ ਐੱਸ ਸੀ ਵਿੰਗ ਦੇ ਅਹੁਦੇਦਾਰਾਂ ਦੀ ਮੀਟਿੰਗ ਸਰਪੰਚ ਵਿਜੈ ਕੁਮਾਰ ਪੰਡੋਰੀ ਪ੍ਰਧਾਨ ਐੱਸ.ਸੀ ਵਿੰਗ ਕਪੂਰਥਲਾ ਦੀ ਅਗਵਾਈ ਹੇਠ ਹੋਈ, ਜਿਸ ਵਿਚ ਹਲਕਾ ਕਪੂਰਥਲਾ ਤੋਂ ਐੱਸ.ਸੀ. ਵਿੰਗ ਦੇ ਪ੍ਰਧਾਨ ਵਿਕਾਸ ਸਿੱਧੀ, ਹਲਕਾ ਫਗਵਾੜਾ ਤੋਂ ਐੱਸ.ਸੀ. ਵਿੰਗ ਦੇ ਪ੍ਰਧਾਨ ਜਸਦੇਵ ਸਿੰਘ, ਹਲਕਾ ਸੁਲਤਾਨਪੁਰ ਲੋਧੀ ਤੋਂ ਐੱਸ.ਸੀ. ਵਿੰਗ ਦੇ ਪ੍ਰਧਾਨ ਰਾਜਵਿੰਦਰ ਸਿੰਘ ਤੇ ਹਲਕਾ ਭੁਲੱਥ ਤੋਂ ਐੱਸ.ਸੀ. ਵਿੰਗ ਦੇ ਪ੍ਰਧਾਨ ਲਖਵਿੰਦਰ ਸਿੰਘ ਹਾਜ਼ਰ ਹੋਏ। ਮੀਟਿੰਗ ਦੌਰਾਨ ਪੰਜਾਬ ਦੇ ਤਿਉਹਾਰਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ ਕਿ ਇਹ ਜੋ ਪੰਜਾਬ ਦੀ ਧਰਤੀ ਤੇ ਤਿਉਹਾਰ ਮਨਾਏ ਜਾਂਦੇ ਹਨ ਇਹ ਇਕ ਭਾਈਚਾਰਕ ਸਾਂਝ ਨੂੰ ਬਣਾਈ ਰੱਖਣ ਲਈ ਤੇ ਇਕ ਦੂਸਰੇ ਨਾਲ ਪਿਆਰ ਭਾਵਨਾ ਨਾਲ ਰਹਿਣ ਦਾ ਸੱਦਾ ਦਿੰਦੇ ਹਨ। ਐੱਸ.ਸੀ. ਵਿੰਗ ਦੇ ਪ੍ਰਧਾਨ ਵਿਜੈ ਕੁਮਾਰ ਸਰਪੰਚ ਢੱਕ ਪੰਡੋਰੀ ਨੇ ਆਪਣੀ ਸਾਰੀ ਟੀਮ ਵਲੋਂ ਪੰਜਾਬ ਵਾਸੀਆਂ ਨੂੰ ਦੀਵਾਲੀ ਤੇ ਵਿਸ਼ਵਕਰਮਾ ਦਿਵਸ ਦੀਆ ਵਧਾਈਆਂ ਦਿੰਦੇ ਹੋਏ ਅਪੀਲ ਕੀਤੀ ਕਿ ਇਸ ਵਾਰ ਆਪਾਂ ਰਲ ਮਿਲ ਕੇ ਪ੍ਰਦੂਸ਼ਣ ਰਹਿਤ ਗਰੀਨ ਦੀਵਾਲੀ ਮਨਾਈਏ। ਬੱਚਿਆਂ ਬਜ਼ੁਰਗਾਂ ਤੇ ਬਿਮਾਰ ਵਿਅਕਤੀ ਦ